# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18-20**

**ਮਿਤੀ : 20-06-2025**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਹਰ ਖੇਤਰ ਵਿੱਚ, ਦਿਵਯਾਂਗਜਨਾਂ ਨੂੰ ਉਤਸ਼ਾਹਿਤ ਕਰਨ ਦੀ ਅਹਿਮੀਅਤ 'ਤੇ ਜ਼ੋਰ ਦਿੱਤਾ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ - ਪੂਰੀ ਦੁਨੀਆ ਭਾਰਤ ਦੇ ਵਿਕਾਸ ਦੀ ਸ਼ਲਾਘਾ ਕਰ ਰਹੀ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 14 ਨੁਕਾਤੀ ਕਾਰਜ ਯੋਜਨਾ ਨੂੰ ਮਨਜ਼ੂਰੀ- ਯੋਜਨਾ ਤਹਿਤ ਪਾਣੀ ਦੀ ਸੰਭਾਲ ਤੇ ਹੋਰ ਖ਼ੇਤਰਾਂ ਉੱਤੇ ਧਿਆਨ ਕੇਂਦਰਿਤ ਕੀਤਾ ਜਾਵੇਗਾ।
- ਪੰਜਾਬ ਸਮੇਤ ਪੂਰਾ ਦੇਸ਼ ਕੱਲ 11ਵਾਂ ਕੌਮਾਂਤਰੀ ਯੋਗ ਦਿਵਸ ਮਨਾਉਣ ਲਈ ਪੂਰੀ ਤਰਾਂ ਤਿਆਰ -ਪੰਜਾਬ ਅਤੇ ਹਰਿਆਣਾ ਦੇ ਉਘੇ ਸਮਾਰਕਾਂ ਅਤੇ ਅੰਮ੍ਰਿਤਸਰ ਦੀ ਸਾਂਝੀ ਚੈੱਕ ਪੋਸਟ ਅਟਾਰੀ 'ਤੇ ਮਨਾਇਆ ਜਾਵੇਗਾ ਕੌਮਾਂਤਰੀ ਯੋਗ ਦਿਵਸ।

ਹੁਣ ਖਬਰਾਂ ਵਿਸਥਾਰ ਨਾਲ.....

-----------------------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਜੀਵਨ ਦੇ ਸਾਰੇ ਖੇਤਰਾਂ ਵਿੱਚ, ਦਿਵਯਾਂਗਜਨਾਂ ਨੂੰ ਉਤਸ਼ਾਹਿਤ ਕਰਨ ਦੀ ਅਹਿਮੀਅਤ 'ਤੇ ਜ਼ੋਰ ਦਿੱਤਾ ਏ। ਉਨ੍ਹਾਂ ਕਿਹਾ ਕਿ ਉੱਨਤ ਤਕਨਾਲੋਜੀਆਂ ਦੀ ਮਦਦ ਨਾਲ, ਦਿਵਯਾਂਗ ਵਿਅਕਤੀ ਹੁਣ ਮੁੱਖ ਧਾਰਾ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਯੋਗਦਾਨ ਪਾ ਸਕਦੇ ਨੇ। ਰਾਸ਼ਟਰਪਤੀ ਅੱਜ ਦੇਹਰਾਦੂਨ ਵਿੱਚ, ਦਿਵਯਾਂਗਜਨਾਂ ਦੇ ਸ਼ਸ਼ਕਤੀਕਰਨ ਬਾਰੇ ਰਾਸ਼ਟਰੀ ਸੰਸਥਾਨ ਵਿਖੇ ਵਿਦਿਆਰਥੀਆਂ ਨੂੰ ਸੰਬੋਧਨ ਕਰ ਰਹੇ ਸਨ। BYTE:

ਰਾਸ਼ਟਰੀ ਸਿੱਖਿਆ ਨੀਤੀ ਦੀ ਸ਼ਲਾਘਾ ਕਰਦਿਆਂ, ਉਨ੍ਹਾਂ ਕਿਹਾ ਕਿ ਇਹ ਨੀਤੀ, ਦਿਵਯਾਂਗ ਬੱਚਿਆਂ ਲਈ ਦੂਜੇ ਬੱਚਿਆਂ ਵਾਂਗ ਹੀ ਮਿਆਰੀ ਸਿੱਖਿਆ ਤੱਕ ਪਹੁੰਚ ਨੂੰ ਯਕੀਨੀ ਬਣਾਉਂਦੀ ਏ। ਰਾਸ਼ਟਰਪਤੀ ਨੇ ਉੱਤਰਾਖੰਡ ਦੇ ਦੇਹਰਾਦੂਨ ਵਿੱਚ ਰਾਸ਼ਟਰਪਤੀ ਨਿਕੇਤਨ ਅਤੇ ਰਾਸ਼ਟਰਪਤੀ ਤਪੋਵਨ ਦਾ ਉਦਘਾਟਨ ਕੀਤਾ। ਰਾਸ਼ਟਰਪਤੀ ਨਿਕੇਤਨ ਅਤੇ ਤਪੋਵਨ ਦੋਵੇਂ 24 ਜੂਨ ਤੋਂ ਆਮ ਲੋਕਾਂ ਲਈ ਖੋਲ੍ਹ ਦਿੱਤੇ ਜਾਣਗੇ। ਉੱਤਰਾਖੰਡ ਦੇ ਆਪਣੇ ਦੌਰੇ ਦੌਰਾਨ, ਰਾਸ਼ਟਰਪਤੀ ਨੇ ਰਾਸ਼ਟਰਪਤੀ ਨਿਕੇਤਨ ਵਿੱਚ ਕਈ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਵੀ ਰੱਖਿਆ।

--------------------------------------------------------------------
ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਪੂਰੀ ਦੁਨੀਆ ਭਾਰਤ ਦੇ ਵਿਕਾਸ ਦੀ ਸ਼ਲਾਘਾ ਕਰ ਰਹੀ ਏ ਅਤੇ ਦੇਖ ਰਹੀ ਏ ਕਿ ਭਾਰਤ ਦੁਨੀਆ ਦੀ ਤੀਜੀ ਸਭ ਤੋਂ ਵੱਡੀ ਆਰਥਿਕ ਮਹਾਂਸ਼ਕਤੀ ਬਣਨ ਵੱਲ ਕਿਵੇਂ ਵਧ ਰਿਹਾ ਏ । ਸ਼੍ਰੀ ਮੋਦੀ ਨੇ ਇਹ ਗੱਲ ਸਿਵਾਨ ਵਿੱਚ ਇੱਕ ਜਨਤਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਹੀ । ਉਨ੍ਹਾਂ ਬਿਹਾਰ ਦੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀ ਸਰਕਾਰ ਸੂਬੇ ਦੇ ਵਿਕਾਸ ਲਈ ਕੰਮ ਕਰਦੀ ਰਹੇਗੀ । ਉਨ੍ਹਾਂ ਕਿਹਾ ਕਿ ਬਿਹਾਰ ਇਸ ਦਿਸ਼ਾ ਵਿੱਚ ਬਹੁਤ ਮਹੱਤਵਪੂਰਨ ਭੂਮਿਕਾ ਨਿਭਾਉਣ ਜਾ ਰਿਹਾ ਏ ।
BYTE:
--------------------------------------------------------------------
ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਧਰਤੀ ਹੇਠਲੇ ਪਾਣੀ ਦੀ ਸੰਭਾਲ ਅਤੇ ਪਾਣੀ ਦਾ ਪੱਧਰ ਉੱਪਰ ਚੁੱਕਣ ਲਈ ਏਕੀਕ੍ਰਿਤ ਸੂਬਾਈ ਜਲ ਯੋਜਨਾ ਦੇ ਹਿੱਸੇ ਵਜੋਂ 14 ਨੁਕਾਤੀ ਕਾਰਜ ਯੋਜਨਾ ਨੂੰ ਮਨਜ਼ੂਰੀ ਦੇ ਦਿੱਤੀ । ਏਕੀਕ੍ਰਿਤ ਸੂਬਾਈ ਜਲ ਯੋਜਨਾ ਬਾਰੇ ਜਲ ਸਰੋਤ ਵਿਭਾਗ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜਲ ਸਰੋਤ ਵਿਭਾਗ ਵੱਲੋਂ ਇਹ ਯੋਜਨਾ ਸਾਰੇ ਪ੍ਰਮੁੱਖ ਵਿਭਾਗਾਂ ਨਾਲ ਸਲਾਹ-ਮਸ਼ਵਰਾ ਕਰਨ ਤੋਂ ਬਾਅਤ ਬਹੁਤ ਬਾਰੀਕੀ ਨਾਲ ਤਿਆਰ ਕੀਤੀ ਗਈ ਏ । ਉਨ੍ਹਾਂ ਕਿਹਾ ਕਿ ਸੂਬੇ ਦੀ

ਸਥਿਤੀ ਬਹੁਤ ਚਿੰਤਾਜਨਕ ਏ ਕਿਉਂਕਿ ਕੁੱਲ 153 ਵਿੱਚੋਂ 115 ਬਲਾਕਾਂ ਵਿੱਚ ਧਰਤੀ ਹੇਠੋਂ ਵੱਧ ਪਾਣੀ ਕੱਢਿਆ ਜਾ ਰਿਹਾ ਏ । ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਯੋਜਨਾ ਵਿੱਚ ਪੂਰਾ ਧਿਆਨ ਧਰਤੀ ਹੇਠਲਾ ਪਾਣੀ ਬਚਾਉਣ ਅਤੇ ਵੱਖ-ਵੱਖ ਮੰਤਵਾਂ ਲਈ ਨਹਿਰੀ ਪਾਣੀ ਦੀ ਵਰਤੋਂ ਵਧਾਉਣ ਉਤੇ ਦਿੱਤਾ ਗਿਆ ਏ । ਭਗਵੰਤ ਸਿੰਘ ਮਾਨ ਨੇ ਕਿਹਾ ਕਿ ਟਿਕਾਊ ਸਰੋਤਾਂ ਦੀ ਭਾਲ, ਪਾਣੀ ਦੀ ਡੂੰਘਾਈ ਬਾਰੇ ਸਰਵੇਖਣ ਅਤੇ ਸਤਹੀ ਪਾਣੀ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਲਈ ਯਤਨ ਕੀਤੇ ਜਾਣੇ ਚਾਹੀਦੇ ਨੇ । ਮੁੱਖ ਮੰਤਰੀ ਨੇ ਕਿਹਾ ਕਿ ਇਸ ਯੋਜਨਾ ਦਾ ਮੰਤਵ ਲਗਪਗ 15 ਲਖ ਹੈਕਟੇਅਰ ਤੋਂ ਰਕਬੇ ਨੂੰ ਰਵਾਇਤੀ ਸਿੰਜਾਈ ਤਰੀਕਿਆਂ ਦੀ ਬਜਾਏ ਪਾਣੀ ਬਚਾਉਣ ਵਾਲੀਆਂ ਤਕਨੀਕਾਂ ਤੁਪਕਾ ਸਿੰਜਾਈ, ਸਪਰਿੰਕਲਰ ਸਿੰਜਾਈ ਅਤੇ ਹੋਰ ਮੰਤਵਾਂ ਅਧੀਨ ਲਿਆਉਣਾ ਚਾਹੀਦਾ ਏ ਤਾਂ ਜੋ ਕੁਸ਼ਲਤਾ ਵਧਾ ਕੇ ਪਾਣੀ ਦੀ ਮੰਗ ਅਤੇ ਬਰਬਾਦੀ ਨੂੰ ਘਟਾਇਆ ਜਾ ਸਕੇ । ਉਨ੍ਹਾਂ ਕਿਹਾ ਕਿ ਛੱਪੜ ਦਾ ਪਾਣੀ ਲਿਫਟ ਸਿੰਜਾਈ ਪ੍ਰਣਾਲੀ ਰਾਹੀਂ ਖੇਤਾਂ ਵਿੱਚ ਲਿਜਾਇਆ ਜਾਵੇਗਾ, ਜਿਸ ਨਾਲ ਸਤਹੀ ਪਾਣੀ ਦੀ ਸਿੰਜਾਈ ਅਧੀਨ ਰਕਬਾ ਵਧੇਗਾ। ਉਨ੍ਹਾਂ ਕਿਹਾ ਕਿ ਇਸ ਲਈ ਚੈੱਕ ਡੈਮ ਤੇ ਨਵੇਂ ਤਲਾਬਾਂ ਦਾ ਨਿਰਮਾਣ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਨਹਿਰੀ ਪਾਣੀ ਉਦਯੋਗਾਂ ਨੂੰ ਵੀ ਸਪਲਾਈ ਕੀਤਾ ਜਾਵੇਗਾ, ਜਿਨ੍ਹਾਂ ਦੇ ਸੰਭਾਵੀ ਵਰਤੋਂਕਾਰਾਂ ਦੀ ਪਛਾਣ ਕੀਤੀ ਜਾਵੇਗੀ ਕਿਉਂਕਿ ਇਹ

ਧਰਤੀ ਹੇਠਲੇ ਪਾਣੀ `ਤੇ ਦਬਾਅ ਘਟਾਏਗਾ। ਮੁੱਖ ਮੰਤਰੀ ਨੇ  ਕਿਹਾ ਕਿ ਇਸ ਯੋਜਨਾ ਵਿੱਚ ਹੜ੍ਹਾਂ ਦੇ ਨੁਕਸਾਨ ਨੂੰ ਘੱਟ ਤੋਂ ਘੱਟ ਕਰਨ ਲਈ ਮਹੱਤਵਪੂਰਨ ਪਹਿਲੂਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰਨ `ਤੇ ਵੀ ਜ਼ੋਰ ਦਿੱਤਾ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸੀਵਰੇਜ ਟਰੀਟਮੈਂਟ ਪਲਾਂਟ ਦੀ ਸਥਾਪਨਾ, ਪਾਣੀ ਸੰਭਾਲ ਢਾਂਚੇ ਅਤੇ ਮਾਈਕਰੋ ਸਿੰਜਾਈ ਪ੍ਰਣਾਲੀ ਨੂੰ ਉਤਸ਼ਾਹਿਤ ਕਰਨ ਲਈ ਗਤੀਵਿਧੀਆਂ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਝੋਨੇ (ਪਰਮਲ) ਅਤੇ ਪਾਣੀ ਦੀ ਵੱਧ ਖਪਤ ਕਰਨ ਵਾਲੀਆਂ ਝੋਨੇ ਦੀਆਂ ਕਿਸਮਾਂ ਵਾਲੇ ਰਕਬੇ ਨੂੰ ਖੇਤੀ ਵਿਭਿੰਨਤਾ ਤਹਿਤ ਮੱਕੀ, ਕਪਾਹ, ਬਾਸਮਤੀ ਅਤੇ ਹੋਰ ਸੰਭਾਵੀ ਫਸਲਾਂ ਅਧੀਨ ਲਿਆਉਣਾ ਵੀ ਯੋਜਨਾ ਦਾ ਹਿੱਸਾ ਏ ।

--------------------------------------------------------------------------

ਕੈਲਾਸ਼ ਮਾਨਸਰੋਵਰ ਯਾਤਰਾ ਅੱਜ ਸਿੱਕਮ ਦੇ ਨਾਥੂਲਾ ਤੋਂ ਸ਼ੁਰੂ ਹੋਈ। ਰਾਜਪਾਲ ਓਮ ਪ੍ਰਕਾਸ਼ ਮਾਥੁਰ ਨੇ ਇਸ ਪਵਿੱਤਰ ਯਾਤਰਾ ਲਈ, 36 ਮੈਂਬਰਾਂ ਦੇ ਸਮੂਹ ਨੂੰ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਸਾਲ, ਸ਼ਰਧਾਲੂਆਂ ਦੇ ਕੁੱਲ 10 ਜਥੇ ਨਾਥੂਲਾ ਤੋਂ ਕੈਲਾਸ਼ ਮਾਨਸਰੋਵਰ ਜਾਣਗੇ। ਹਰੇਕ ਜਥੇ ਨੂੰ ਪਵਿੱਤਰ ਯਾਤਰਾ ਪੂਰੀ ਕਰਨ ਵਿੱਚ 11 ਤੋਂ 12 ਦਿਨ ਲੱਗਣਗੇ। ਡਾਕਟਰ ਅਤੇ ਸਰਕਾਰੀ ਅਧਿਕਾਰੀ ਵੀ ਪੂਰੀ ਯਾਤਰਾ ਦੌਰਾਨ, ਉਨ੍ਹਾਂ ਦੇ ਨਾਲ ਰਹਿਣਗੇ। ਉਹ ਪਹਿਲਾਂ ਲਗਭਗ 17 ਹਜ਼ਾਰ

ਫ਼ੁੱਟ ਦੀ ਉਚਾਈ 'ਤੇ ਕੈਲਾਸ਼ ਪਰਿਕਰਮਾ ਅਤੇ ਫਿਰ, 15 ਹਜ਼ਾਰ ਫ਼ੁੱਟ ਦੀ ਉਚਾਈ 'ਤੇ ਮਾਨਸਰੋਵਰ ਪਰਿਕਰਮਾ ਕਰਨਗੇ।

-----------------------------------------------------------------

ਪੰਜਾਬ ਸਮੇਤ ਪੂਰਾ ਦੇਸ਼ ਕੱਲ 11ਵਾਂ ਕੌਮਾਂਤਰੀ ਯੋਗ ਦਿਵਸ ਮਨਾਉਣ ਲਈ ਪੂਰੀ ਤਰਾਂ ਤਿਆਰ ਏ । ਸੱਭਿਆਚਾਰ ਮੰਤਰਾਲਾ ਕੱਲ 11ਵੇਂ ਕੌਮਾਂਤਰੀ ਯੋਗ ਦਿਵਸ ਮੌਕੇ, ਦੇਸ਼ ਭਰ ਦੇ 100 ਪ੍ਰਮੁੱਖ ਸੈਰ-ਸਪਾਟਾ ਸਥਾਨਾਂ ਅਤੇ 50 ਹੋਰ ਸੱਭਿਆਚਾਰਕ ਥਾਵਾਂ 'ਤੇ ਯੋਗਾ ਸੈਸ਼ਨਾਂ ਦਾ ਆਯੋਜਨ ਕਰ ਰਿਹਾ ਏ । ਇਹ ਸੈਸ਼ਨ ਵਿਸ਼ਾਖਾਪਟਨਮ ਵਿੱਚ ਆਯੂਸ਼ ਮੰਤਰਾਲੇ ਦੁਆਰਾ ਆਯੋਜਿਤ ਪ੍ਰਮੁੱਖ ਯੋਗਾ ਪ੍ਰੋਗਰਾਮ ਦੇ ਪੂਰਕ ਹੋਣਗੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਿਸ਼ਾਖਾਪਟਨਮ ਯੋਗਾ ਪ੍ਰੋਗਰਾਮ ਵਿੱਚ ਹਿੱਸਾ ਲੈਣਗੇ।

-----------------------------------------------------------------

ਆਯੁਸ਼ ਰਾਜ ਮੰਤਰੀ ਪ੍ਰਤਾਪ-ਰਾਓ ਜਾਧਵ ਨੇ ਆਕਾਸ਼ਵਾਣੀ ਖਬਰਾਂ ਨਾਲ ਇੱਕ ਵਿਸ਼ੇਸ਼ ਇੰਟਰਵਿਊ ਵਿੱਚ ਕਿਹਾ ਕਿ ਯੋਗਾ ਸਿਰਫ ਇੱਕ ਦਿਨ ਦਾ ਪ੍ਰੋਗਰਾਮ ਨਹੀਂ ਹੈ ਬਲਕਿ ਇੱਕ ਜੀਵਨ ਸ਼ੈਲੀ ਏ । ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਯੋਗਾ ਨੂੰ ਆਪਣੇ ਜੀਵਨ ਵਿੱਚ ਸ਼ਾਮਲ ਕਰਨ ਅਤੇ ਪਰਿਵਾਰਕ ਮੈਂਬਰਾਂ ਨੂੰ ਵੀ ਯੋਗ ਕਰਨ ਬਾਰੇ ਪ੍ਰੇਰਿਤ ਕਰਨ । BYTE:

-----------------------------------------------------------------

ਸੱਭਿਆਚਾਰ ਮੰਤਰਾਲੇ ਦੀ ਅਗਵਾਈ ਹੇਠ, ਭਾਰਤੀ ਪੁਰਾਤਤਵ ਸਰਵੇਖਣ ਚੰਡੀਗੜ੍ਹ ਸਰਕਲ, ਕੱਲ ਪੰਜਾਬ ਅਤੇ ਹਰਿਆਣਾ ਦੀਆਂ ਉਘੀਆਂ ਇਤਿਹਾਸਕ ਸਥਾਨਾਂ 'ਤੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਵੇਗਾ। ਇਹ ਸਮਾਰੋਹ ਸਵੇਰੇ 6 ਵਜੇ ਤੋਂ ਸਵੇਰੇ 7 ਵੱਜਕੇ 45 ਮਿੰਟ ਤੱਕ ਹੋਵੇਗਾ। ਇਹ ਪ੍ਰਧਾਨ ਮੰਤਰੀ ਦੇ ਭਾਸ਼ਣ ਦੇ ਲਾਈਵ ਪ੍ਰਸਾਰਣ ਨਾਲ ਸ਼ੁਰੂ ਹੋਵੇਗਾ, ਜਿਸ ਤੋਂ ਬਾਅਦ ਸਾਰੇ ਭਾਗੀਦਾਰਾਂ ਲਈ ਸਾਂਝਾ ਯੋਗ ਪ੍ਰੋਟੋਕੋਲ ਸੈਸ਼ਨ ਆਯੋਜਿਤ ਕੀਤਾ ਜਾਵੇਗਾ। ਪੰਜਾਬ ਵਿੱਚ ਬਠਿੰਡਾ ਕਿਲ੍ਹਾ, ਫਿਲੌਰ ਦਾ ਮਹਾਰਾਜਾ ਰਣਜੀਤ ਸਿੰਘ ਕਿਲ੍ਹਾ, ਜਲਿਆਂਵਾਲਾ ਬਾਗ ਰਾਸ਼ਟਰੀ ਸਮਾਰਕ, ਅੰਮ੍ਰਿਤਸਰ ਇਨਾ ਥਾਵਾਂ ਵਿਚ ਸ਼ਾਮਿਲ ਨੇ ।

--------------------------------------------------------------------------

ਸੀਮਾ ਸੁਰੱਖਿਆ ਬਲ 21 ਜੂਨ ਨੂੰ ਸਵੇਰੇ 6 ਵਜੇ ਪੰਜਾਬ ਦੀਆਂ ਸਾਰੀਆਂ ਇਕਾਈਆਂ ਅਤੇ ਹੈੱਡਕੁਆਰਟਰ ਵਿਖੇ 11ਵਾਂ ਅੰਤਰ-ਰਾਸ਼ਟਰੀ ਯੋਗ ਦਿਵਸ ਮਨਾਉਣ ਲਈ ਪੂਰੀ ਤਰ੍ਹਾਂ ਤਿਆਰ ਏ । ਇਹ ਵਿਸ਼ੇਸ਼ ਸਮਾਗਮ ਅੰਮ੍ਰਿਤਸਰ ਦੀ ਸੰਯੁਕਤ ਚੈੱਕ ਪੋਸਟ ਅਟਾਰੀ ਵਿਖੇ ਕਰਵਾਇਆ ਜਾਵੇਗਾ। ਬੀ.ਐਸ.ਐਫ ਪੰਜਾਬ ਫਰੰਟੀਅਰ ਦੇ ਇੰਸਪੈਕਟਰ ਜਨਰਲ ਅਤੁਲ ਫੁਲਝੇਲ ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।

-----------------------------------------------------------------------

ਯੋਗ ਦੇ ਫਾਇਦਿਆਂ ਨੂੰ ਦੇਖਦੇ ਹੋਏ, ਪੰਜਾਬ ਦੇ ਲੋਕ ਵੀ ਇਸਨੂੰ ਆਪਣੀ ਰੋਜਮਰਾ ਦੀ ਜ਼ਿੰਦਗੀ ਦਾ ਹਿੱਸਾ ਬਣਾ ਰਹੇ ਨੇ l ਯੋਗ ਗੁਰੂਆਂ ਮੁਤਾਬਿਕ ਯੋਗ ਦੇ ਰੋਜ਼ਾਨਾ ਅਭਿਆਸ ਨਾਲ ਬਿਮਾਰੀਆਂ ਨੂੰ ਹਰਾਇਆ ਜਾ ਸਕਦਾ ਏ IBYTE:

ਇਸ ਮੌਕੇ ਮੋਹਾਲੀ ਅਤੇ ਮੋਗਾ ਵਾਸੀਆਂ ਨੇ ਯੋਗ ਕਰਕੇ ਵੱਖ ਵੱਖ ਬਿਮਾਰੀਆਂ ਤੋਂ ਨਿਜ਼ਾਤ ਪਾਉਣ ਬਾਰੇ ਆਪਣੇ ਤਜਰਬੇ, ਆਕਾਸ਼ਵਾਣੀ ਜਲੰਧਰ ਨਾਲ ਸਾਂਝੇ ਕੀਤੇ IBYTE

-----------------------------------------------------------------------

ਪਟਿਆਲਾ ਡਵੀਜਨ ਦੇ ਡਵੀਜਨਲ ਕਮਿਸ਼ਨਰ ਵਿਨੈ ਬੁਬਲਾਨੀ ਨੇ ਅੱਜ ਜ਼ਿਲ੍ਹੇ ਅੰਦਰ ਹੜ੍ਹਾਂ ਤੋਂ ਬਚਾਅ ਲਈ ਚੱਲ ਰਹੇ ਕੰਮਾਂ ਦਾ ਜਾਇਜ਼ਾ ਲਿਆ ਉਨ੍ਹਾਂ ਨੇ ਹਦਾਇਤ ਕੀਤੀ ਕਿ ਜ਼ਿਲ੍ਹੇ ਦੇ ਸਾਰੇ ਐਸ.ਡੀ.ਐਮਜ ਤੇ ਤਹਿਸੀਲਦਾਰ ਆਪਣੇ ਹਲਕਿਆਂ ਦੇ ਸਬੰਧਤ ਵਿਧਾਇਕ ਤੇ ਮੰਤਰੀ ਸਾਹਿਬਾਨ ਤੇ ਹੋਰ ਚੁਣੇ ਨੁਮਾਇੰਦਿਆਂ ਨਾਲ ਤਾਲਮੇਲ ਕਰਕੇ ਹੜ੍ਹ ਸੰਭਾਵਤ ਇਲਾਕਿਆਂ ਦਾ ਦੌਰਾ ਕਰਕੇ ਰਿਪੋਰਟ ਦੇਣਗੇ । ਉਨ੍ਹਾਂ ਕਿਹਾ ਕਿ ਪਿਛਲੇ ਸਾਲਾਂ ਦੌਰਾਨ ਜਿੱਥੇ ਹੜ੍ਹ ਦਾ ਪਾਣੀ ਆਇਆ ਸੀ, ਉਨ੍ਹਾਂ ਥਾਂਵਾਂ ਦਾ ਖਾਸ ਧਿਆਨ ਰੱਖਿਆ ਜਾਵੇ। ਡਵੀਜਨਲ ਕਮਿਸ਼ਨਰ ਨੇ ਡਰੇਨੇਜ ਵਿਭਾਗ ਨੂੰ ਹਦਾਇਤ ਕੀਤੀ ਕਿ ਘੱਗਰ, ਟਾਂਗਰੀ, ਛੋਟੀ ਤੇ

ਵੱਡੀ ਨਦੀਆਂ ਸਮੇਤ ਹੋਰ ਨਹਿਰਾਂ, ਨਦੀਆਂ ਤੇ ਨਾਲਿਆਂ ਦੀ ਸਫ਼ਾਈ ਸਮੇਤ ਹੜ੍ਹ ਰੋਕੂ ਪ੍ਰਬੰਧਾਂ 'ਚ ਕੋਈ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਦੇ ਹੁਕਮਾਂ ਮੁਤਾਬਕ ਮੌਨਸੂਨ ਦੇ ਮੱਦੇਨਜ਼ਰ ਹੜ੍ਹਾਂ ਵਰਗੀ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਤਿਆਰ ਏ  ਅਤੇ ਉਹ ਖ਼ੁਦ ਆਪਣੀ ਡਵੀਜਨ ਦੇ ਸਾਰੇ ਜ਼ਿਲ੍ਹਿਆਂ, ਪਟਿਆਲਾ, ਲੁਧਿਆਣਾ, ਫ਼ਤਹਿਗੜ੍ਹ ਸਾਹਿਬ, ਸੰਗਰੂਰ, ਬਰਨਾਲਾ ਤੇ ਮਾਲੇਰਕੋਟਲਾ ਵਿੱਚ ਹੜ੍ਹ ਰੋਕੂ ਪ੍ਰਬੰਧਾਂ ਦਾ ਜਾਇਜ਼ਾ ਲੈ ਰਹੇ ਹਨ। ਉਨ੍ਹਾਂ ਦੱਸਿਆ ਕਿ ਉਹ ਜਲਦੀ ਹੀ ਸਾਰੇ ਹੜ੍ਹ ਸੰਭਾਵਤ ਖੇਤਰਾਂ ਦਾ ਦੌਰਾ ਕਰਕੇ ਜਮੀਨੀ ਹਕੀਕਤਾਂ ਦਾ ਵੀ ਜਾਇਜ਼ਾ ਲੈਣਗੇ। ਵਿਨੈ ਬੁਬਲਾਨੀ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਮਾਨਸੂਨ ਦੌਰਾਨ ਨਦੀਆਂ ਤੇ ਨਾਲਿਆਂ ਨੇੜਲੇ ਇਲਾਕੇ ਵਿੱਚ ਭਾਰੀ ਮੀਂਹ ਦੀ ਸੰਭਾਵਨਾਂ ਦੇ ਮੱਦੇਨਜ਼ਰ ਸੰਵੇਨਸ਼ੀਲ ਇਲਾਕਿਆਂ 'ਚ ਸੰਭਾਵੀ ਹੜ੍ਹਾਂ ਤੋਂ ਬਚਾਅ ਲਈ ਤਿਆਰੀਆਂ ਵਿੱਚ ਕੋਈ ਕਸਰ ਬਾਕੀ ਨਾ ਛੱਡੀ ਜਾਵੇ।

---------------------------------------------------------------------

ਸ਼੍ਰੀ ਕੀਰਤਪੁਰ ਸਾਹਿਬ ਦੀ ਸਿਹਤ ਵਿਭਾਗ ਦੀ ਟੀਮ ਵੱਲੋਂ ਡੇਂਗੂ ਨੂੰ ਰੋਕਣ ਲਈ  ਵੱਖ-ਵੱਖ ਇਲਾਕਿਆਂ ਵਿਚ ਨਰਸਰੀਆਂ ਅਤੇ ਉਸਾਰੀ ਅਧੀਨ ਇਮਾਰਤਾਂ ਦਾ ਦੌਰਾ ਕੀਤਾ ਗਿਆ।

ਸੀਨੀਅਰ ਮੈਡੀਕਲ ਅਫ਼ਸਰ ਡਾ. ਜੰਗਜੀਤ ਸਿੰਘ ਨੇ ਦੱਸਿਆ ਕਿ ਬਰਸਾਤੀ ਮੌਸਮ ਵਿਚ ਡੇਂਗੂ ਅਤੇ ਮਲੇਰੀਆ ਵਰਗੇ ਰੋਗ ਫ਼ੈਲਣ ਦੇ ਸੰਭਾਵਿਤ ਖ਼ਤਰੇ ਦੇ ਮੱਦੇਨਜ਼ਰ ਕੀਰਤਪੁਰ ਸਾਹਿਬ ਵਿਖੇ "ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਤਹਿਤ ਕੁੱਲ 27 ਟੀਮਾਂ ਦਾ ਗਠਨ ਕੀਤਾ ਗਿਆ ਏ । ਇਹ ਟੀਮਾਂ ਲੋਕਾਂ ਨੂੰ ਡੇਂਗੂ ਤੋਂ ਬਚਾਅ ਦੇ ਉਪਾਅ ਬਾਰੇ ਜਾਗਰੂਕ ਕਰ ਰਹੀਆਂ ਨੇ । ਸੀਨੀਅਰ ਮੈਡੀਕਲ ਅਫ਼ਸਰ ਨੇ ਸਾਰਿਆਂ ਨੂੰ "ਡਰਾਈ ਡੇਅ" ਮਨਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਜੇਕਰ ਹਫ਼ਤੇ 'ਚ ਇੱਕ ਦਿਨ ਫ੍ਰਿਜ ਦੀ ਬਾਹਰਲੀ ਟ੍ਰੇਅ, ਕੂਲਰ, ਗਮਲੇ, ਡਰੱਮ ਜਾਂ ਛੱਤ 'ਤੇ ਖੜ੍ਹਾ ਪਾਣੀ ਸੁਕਾ ਲਿਆ ਜਾਵੇ ਤਾਂ ਮੱਛਰਾਂ ਨੂੰ ਪੈਦਾ ਹੋਣ ਤੋਂ ਰੋਕਿਆ ਜਾ ਸਕਦਾ ਏ ।

---------------------------------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਹਰ ਖੇਤਰ ਵਿੱਚ, ਦਿਵਯਾਂਗਜਨਾਂ ਨੂੰ ਉਤਸ਼ਾਹਿਤ ਕਰਨ ਦੀ ਅਹਿਮੀਅਤ 'ਤੇ ਜ਼ੋਰ ਦਿੱਤਾ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ - ਪੂਰੀ ਦੁਨੀਆ ਭਾਰਤ ਦੇ ਵਿਕਾਸ ਦੀ ਸ਼ਲਾਘਾ ਕਰ ਰਹੀ ਏ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 14 ਨੁਕਾਤੀ ਕਾਰਜ ਯੋਜਨਾ ਨੂੰ ਮਨਜ਼ੂਰੀ- ਯੋਜਨਾ ਤਹਿਤ ਪਾਣੀ ਦੀ ਸੰਭਾਲ ਤੇ ਹੋਰ ਖ਼ੇਤਰਾਂ ਉੱਤੇ ਧਿਆਨ ਕੇਂਦਰਿਤ ਕੀਤਾ ਜਾਵੇਗਾ।
- ਪੰਜਾਬ ਸਮੇਤ ਪੂਰਾ ਦੇਸ਼ ਕੱਲ 11ਵਾਂ ਕੌਮਾਂਤਰੀ ਯੋਗ ਦਿਵਸ ਮਨਾਉਣ ਲਈ ਪੂਰੀ ਤਰਾਂ ਤਿਆਰ -ਪੰਜਾਬ ਅਤੇ ਹਰਿਆਣਾ ਦੇ ਉਘੇ ਸਮਾਰਕਾਂ ਅਤੇ ਅੰਮ੍ਰਿਤਸਰ ਦੀ ਸਾਂਝੀ ਚੈੱਕ ਪੋਸਟ ਅਟਾਰੀ 'ਤੇ ਮਨਾਇਆ ਜਾਵੇਗਾ ਕੌਮਾਂਤਰੀ ਯੋਗ ਦਿਵਸ।

ਇਸਦੇ ਨਾਲ ਪ੍ਰਦੇਸ਼ਕ,ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !